ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜ਼ਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

Azadi Ka Amrit Mahotsav

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ/ਸੈ.ਸਿ)
ਪੰਜਾਬ
ਮੀਮੋ ਨੰ:ਈ 366634/626
ਮਿਤੀ:31-08-2023

ਵਿਸ਼ਾ-: **ਝੋਨੇ ਦੀ ਪਰਾਲੀ ਜਾਂ ਕਣਕ ਦਾ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਹਿੱਤ ਕਦਮਾਂ ਬਾਰੇ।**

1.0 ਉਪਰੋਕਤ ਵਿਸ਼ੇ ਤੇ ਪ੍ਰਸੋਨਲ ਵਿਭਾਗ (ਪ੍ਰਸੋਨਲ ਪਾਲਿਸੀਜ਼ -2 ਸ਼ਾਖਾ) ਪੰਜਾਬ ਸਰਕਾਰ ਦੇ ਪੱਤਰ ਨੰ: 12/162/2017-4 ਪੀ.ਪੀ.2/573, ਮਿਤੀ: 28.08.2023 (ਕਾਪੀ ਨੱਥੀ) ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਪੱਤਰ ਅਨੁਸਾਰ ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨ, ਹਵਾ ਦੀ ਗੁਣਵਤਾ ਵਿੱਚ ਸੁਧਾਰ ਲਿਆਉਣ, ਫਸਲਾਂ ਦੀ ਰਹਿੰਦ ਖੂੰਹਦ ਸਾੜਨ ਕਰਕੇ ਜੈਵਿਕ ਪਦਾਰਥਾਂ ਦੇ ਵੱਡੀ ਪੱਧਰ ਤੇ ਹੁੰਦੇ ਨੁਕਸਾਨ ਨੂੰ ਰੋਕਣ ਵਾਸਤੇ ਸਿੱਖਿਆ ਵਿਭਾਗ ਦੇ ਸਮੂਹ ਅਦਿਕਾਰੀਆਂ/ਕਰਮਚਾਰੀਆਂ ਨੂੰ ਹੇਠ ਲਿਖੇ ਅਨੁਸਾਰ ਹਦਾਇਤਾਂ ਜਾਰੀ ਕੀਤਾਂ ਜਾਂਦੀਆ ਹਨ:-

- ਹਰੇਕ ਕਰਮਚਾਰੀ ਜਿਹੜਾ ਖੇਤੀਬਾੜੀ ਵੀ ਕਰਦਾ ਹੈ ਇਹ ਯਕੀਨੀ ਬਣਾਵੇ ਕਿ ਉਸ ਦੇ ਖੇਤਾਂ ਵਿੱਚ ਪਰਾਲੀ ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜੀ ਜਾਵੇ।
- ਹਰੇਕ ਕਰਮਚਾਰੀ ਫਸਲਾਂ ਦੀ ਰਹਿੰਦ-ਖੂੰਹਦ ਸਾੜੇ ਜਾਣ ਦੇ ਮਾੜੇ ਪ੍ਰਭਾਵ ਅਤੇ ਨੁਕਸਾਨ ਬਾਰੇ ਹੋਰਨਾਂ ਲੋਕਾਂ ਨੂੰ ਦੱਸਦੇ ਹੋਏ ਉਹਨਾਂ ਨੂੰ ਵੀ ਉਤਸ਼ਾਹਿਤ ਕਰੇ ਕਿ ਉਹ ਆਪਣੇ ਖੇਤਾਂ ਵਿੱਚਪਰਾਲੀ ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜਨ।
- ਨੈਸ਼ਨਲ ਗਰੀਨ ਟ੍ਰਿਬਿਊਨਲ ਜਾਂ ਸਾਇੰਸ, ਤਕਨਾਲੋਜੀ ਤੇ ਵਾਤਾਵਰਣ ਵਿਭਾਗ ਦੇ ਹੁਕਮਾਂ ਦੀ ਉਲੰਘਣਾ ਵਿੱਚ ਜੇਕਰ ਕਿਤੇ ਪਰਾਲੀ ਨਾੜ ਅਤੇ ਫਸਲ ਦੀ ਰਹਿੰਦ-ਖੂੰਹਦ ਸਾੜੀ ਜਾ ਰਹੀ ਹੋਵੇ ਤਾਂ ਕਰਮਚਾਰੀ ਸਬੰਧਤ ਅਥਾਰਿਟੀਆਂ ਦੇ ਧਿਆਨ ਵਿੱਚ ਲਿਆਵੇ।

3.0 ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਕਰਮਚਾਰੀ/ਅਧਿਆਪਕ ਵਿਰੁੱਧ ਨਿਯਮਾਂ ਅਨੁਸਾਰ ਅਨੁਸਾਸ਼ਨੀ ਕਾਰਵਾਈ ਆਰੰਭੀ ਜਾਵੇਗੀ।

4.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਨੱਥੀ – ਉਪਰੋਕਤ ਅਨੁਸਾਰ

ਅਮਨਪ੍ਰੀਤ ਸਿੰਘ,ਪੀ.ਸੀ.ਐੱਸ
ਡਾਇਰੈਕਟਰ, ਐਸ.ਸੀ.ਈ.ਆਰ.ਟੀ, ਪੰਜਾਬ

ਪਿੱਠ ਅੰਕਣ ਨੰ:ਉਕਤ/ ਮਿਤੀ-31-08-2023

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ :-

1 ਪੀ.ਏ ਟੂ ਅਧੀਨ ਸਕੱਤਰ ਪ੍ਰਸੋਨਲ,ਪ੍ਰਸੋਨਲ ਵਿਭਾਗ ਪੰਜਾਬ।
2 ਪੀ.ਏ ਟੂ ਸੱਕਤਰ ਸਕੂਲ ਸਿੱਖਿਆ,ਪੰਜਾਬ ।
3 ਪੀ.ਏ ਟੂ ਡੀ.ਜੀ.ਐਸ.ਈ, ਪੰਜਾਬ ।
4 ਪੀ.ਏ ਟੂ ਡੀ.ਪੀ.ਆਈ(ਸੈ.ਸਿ/ ਐ.ਸਿ)।

ਸਹਾਇਕ ਡਾਇਰੈਕਟਰ
ਐਸ.ਸੀ.ਈ.ਆਰ.ਟੀ,ਪੰਜਾਬ

ਦਫਤਰ ਜਿਲ੍ਹਾ ਸਿੱਖਿਆ ਅਫਸਰ
ਪਿਠ ਅੰਕਣ ਨੰ.
ਮਿਤੀ

ਜਿਲ੍ਹਾ ਸਿੱਖਿਆ ਅਫਸਰ

ਨੰ. 12/162/2017-4ਪੀ.ਪੀ.2/ 573

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ਼-2 ਸ਼ਾਖਾ)

ਮਿਤੀ, ਚੰਡੀਗੜ੍ਹ 18-8-23

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ, ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਜਿਲ੍ਹਾ ਅਤੇ ਸੈਸ਼ਨ ਜੱਜ, ਸਮੂਹ ਡਿਪਟੀ ਕਮਿਸ਼ਨਰਜ਼ ਅਤੇ
ਸਮੂਹ ਸਬ ਡਵੀਜ਼ਨਲ ਅਫਸਰ(ਸਿਵਲ)।

ਵਿਸ਼ਾ ਝੋਨੇ ਦੀ ਪਰਾਲੀ ਜਾਂ ਕਣਕ ਦਾ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਹਿੱਤ ਕਦਮਾਂ ਬਾਰੇ।

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਸਰਕਾਰ ਦੇ ਗਸ਼ਤੀ ਪੱਤਰ ਨੰ. 12/162/2016-4ਪੀ.ਪੀ.2/1081752/1 ਮਿਤੀ 11.10.2017, 12/162/2017-4ਪੀ.ਪੀ.2/310 ਮਿਤੀ 08.10.2018 ਅਤੇ 12/162/2017-4ਪੀ.ਪੀ.2/304 ਮਿਤੀ 10.08.2022 ਵੱਲ ਦਿਵਾਉਣ ਅਤੇ ਮੁੜ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨ, ਹਵਾ ਦੀ ਗੁਣਵਤਾ ਵਿੱਚ ਸੁਧਾਰ ਲਿਆਉਣ, ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਕਰਕੇ ਜੈਵਿਕ ਪਦਾਰਥਾਂ ਦੇ ਵੱਡੀ ਪੱਧਰ ਤੇ ਹੁੰਦੇ ਨੁਕਸਾਨ ਨੂੰ ਰੋਕਣ ਵਾਸਤੇ ਇਹ ਜਰੂਰੀ ਹੈ ਕਿ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀ ਪ੍ਰਥਾ ਨੂੰ ਰੋਕਿਆ ਜਾਵੇ।

2. ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਖੁਦ-ਮੁਖਤਿਆਰ ਅਦਾਰਿਆਂ ਦੇ ਸਮੂਹ ਕਰਮਚਾਰੀਆਂ ਨੂੰ ਹੇਠ ਲਿਖੇ ਅਨੁਸਾਰ ਹਦਾਇਤਾਂ ਕੀਤੀਆਂ ਜਾਣ:-

- ਹਰੇਕ ਕਰਮਚਾਰੀ ਜਿਹੜਾ ਖੇਤੀਬਾੜੀ ਵੀ ਕਰਦਾ ਹੈ ਇਹ ਯਕੀਨੀ ਬਣਾਵੇ ਕਿ ਉਸ ਦੇ ਖੇਤਾਂ ਵਿੱਚ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜੀ ਜਾਵੇ।
- ਹਰੇਕ ਕਰਮਚਾਰੀ ਫਸਲਾਂ ਦੀ ਰਹਿੰਦ-ਖੂੰਹਦ ਸਾੜੇ ਜਾਣ ਦੇ ਮਾੜੇ ਪ੍ਰਭਾਵ ਅਤੇ ਨੁਕਸਾਨ ਬਾਰੇ ਹੋਰਨਾਂ ਲੋਕਾਂ ਨੂੰ ਦੱਸਦੇ ਹੋਏ ਉਹਨਾਂ ਨੂੰ ਵੀ ਉਤਸ਼ਾਹਿਤ ਕਰੇ ਕਿ ਉਹ ਆਪਣੇ ਖੇਤਾਂ ਵਿੱਚ ਪਰਾਲੀ/ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜਨ।
- ਨੈਸ਼ਨਲ ਗਰੀਨ ਟ੍ਰਿਬਿਊਨਲ ਜਾਂ ਸਾਇੰਸ, ਤਕਨਾਲੋਜੀ ਤੇ ਵਾਤਾਵਰਣ ਵਿਭਾਗ ਦੇ ਹੁਕਮਾਂ ਦੀ ਉਲੰਘਣਾ ਵਿੱਚ ਜੇਕਰ ਕਿਤੇ ਪਰਾਲੀ/ਨਾੜ ਅਤੇ ਫਸਲ ਦੀ ਰਹਿੰਦ-ਖੂੰਹਦ ਸਾੜੀ ਜਾ ਰਹੀ ਹੋਵੇ ਤਾਂ ਕਰਮਚਾਰੀ ਸਬੰਧਤ ਅਥਾਰਿਟੀਆਂ ਦੇ ਧਿਆਨ ਵਿੱਚ ਲਿਆਵੇ।

3 ਇਹਨਾਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਇਹਨਾਂ ਦੀ ਉਲੰਘਣਾ ਪਾਏ ਜਾਣ ਤੇ ਦੋਸ਼ੀ ਕਰਮਚਾਰੀਆਂ ਵਿਰੁੱਧ ਵਿਭਾਗੀ ਸੇਵਾ ਨਿਯਮਾਂ ਅਨੁਸਾਰ ਸਖਤ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇ।

ਆਪ ਜੀ ਦਾ ਵਿਸ਼ਵਾਸ਼ਪਾਤਰ

ਹਰਿੰਦਰ ਕੁਮਾਰ

ਅਧੀਨ ਸਕੱਤਰ, ਪ੍ਰਸੋਨਲ